ਫਾਟਕ ਤੋਂ ਵੜੋ ਕਿਉਂ ਜੋ ਮੋਕਲਾ ਹੈ ਉਹ ਫਾਟਕ ਅਤੇ ਖੁੱਲ੍ਹਾ ਹੈ ਉਹ ਰਾਹ ਜਿਹੜਾ ਨਾਸ ਨੂੰ ਜਾਂਦਾ ਹੈ ਅਰ ਬਹੁਤੇ ਹਨ ਜਿਹੜੇ ਉਸ ਤੋਂ ਜਾਂਦੇ ਹਨ । ਅਤੇ ਭੀੜਾ ਹੈ ਉਹ ਫਾਟਕ ਅਤੇ ਸੌੜਾ ਹੈ ਉਹ ਰਾਹ ਜਿਹੜਾ ਜੀਉਣ ਨੂੰ ਜਾਂਦਾ ਹੈ ਅਤੇ ਜੋ ਉਸ ਨੂੰ ਲੱਭਦੇ ਹਨ ਸੋ ਵਿਰਲੇ ਹਨ । ਝੂਠੇ ਨਬੀਆਂ ਤੋਂ ਹੁਸ਼ਿਆਰ ਰਹੋ ਜਿਹੜੇ ਤੁਹਾਡੇ ਕੋਲ ਭੇਡਾਂ ਦੇ ਭੇਸ ਵਿੱਚ ਆਉਂਦੇ ਹਨ ਪਰ ਅੰਦਰੋਂ ਓਹ ਪਾੜਨ ਵਾਲੇ ਬਘਿਆੜ ਹਨ । ਤੁਸੀਂ ਉਨ੍ਹਾਂ ਦੇ ਫਲਾਂ ਤੋਂ ਉਨ੍ਹਾਂ ਨੂੰ ਪਛਾਣੋਗੇ । ਭਲਾ, ਕੰਡਿਆਲਿਆਂ ਤੋਂ ਦਾਖ ਯਾ ਊਂਟਕਟਾਰਿਆਂ ਤੋਂ ਹੰਜੀਰ ਤੋੜਦੇ ਹਨ? ਇਸੇ ਪਰਕਾਰ ਹਰੇਕ ਅੱਛਾ ਬਿਰਛ ਚੰਗਾ ਫਲ ਦਿੰਦਾ ਪਰ ਮਾੜਾ ਬਿਰਛ ਬੁਰਾ ਫਲ ਦਿੰਦਾ ਹੈ । ਅੱਛਾ ਬਿਰਛ ਬੁਰਾ ਫਲ ਨਹੀਂ ਦੇ ਸੱਕਦਾ ਅਤੇ ਨਾ ਮਾੜਾ ਬਿਰਛ ਚੰਗਾ ਫਲ ਦੇ ਸੱਕਦਾ ਹੈ । ਹਰੇਕ ਬਿਰਛ ਜਿਹੜਾ ਚੰਗਾ ਫਲ ਨਹੀਂ ਦਿੰਦਾ ਵੱਢਿਆ ਅਤੇ ਅੱਗ ਵਿੱਚ ਸੁੱਟਿਆ ਜਾਂਦਾ ਹੈ । ਸੋ ਤੁਸੀਂ ਉਨ੍ਹਾਂ ਦੇ ਫਲਾਂ ਤੋਂ ਉਨ੍ਹਾਂ ਨੂੰ ਪਛਾਣੋਗੇ । ਨਾ ਹਰੇਕ ਜਿਹੜਾ ਮੈਨੂੰ ਪ੍ਰਭੁ ! ਪ੍ਰਭੁ ! ਕਹਿੰਦਾ ਹੈ ਸੁਰਗ ਦੇ ਰਾਜ ਵਿੱਚ ਵੜੇਗਾ ਬਲਕਣ ਉਹੋ ਜੋ ਮੇਰੇ ਸੁਰਗੀ ਪਿਤਾ ਦੀ ਮਰਜੀ ਉੱਤੇ ਚੱਲਦਾ ਹੈ । ਉਸ ਦਿਨ ਅਨੇਕ ਮੈਨੂੰ ਆਖਣਗੇ, ਹੇ ਪ੍ਰਭੁ ! ਹੇ ਪ੍ਰਭੁ ! ਕੀ ਅਸਾਂ ਤੇਰਾ ਨਾਮ ਲੈ ਕੇ ਅਗੰਮ ਵਾਕ ਨਹੀਂ ਕੀਤਾ ? ਅਤੇ ਤੇਰਾ ਨਾਮ ਲੈ ਕੇ ਭੂਤ ਨਹੀਂ ਕੱਢੇ ? ਅਤੇ ਤੇਰਾ ਨਾਮ ਲੈ ਕੇ ਬਹੁਤੀਆਂ ਕਰਾਮਾਤਾਂ ਨਹੀਂ ਕੀਤੀਆਂ ? ਤਦ ਮੈਂ ਉਨ੍ਹਾਂ ਨੂੰ ਸਾਫ਼ ਆਖਾਂਗਾ ਭਈ ਮੈਂ ਤੁਹਾਨੂੰ ਕਦੇ ਵੀ ਨਹੀਂ ਜਾਣਿਆ । ਹੇ ਬੁਰਿਆਰੋ, ਮੇਰੇ ਕੋਲੋਂ ਚੱਲੇ ਜਾਓ ! ਸੋ ਹਰੇਕ ਜੋ ਮੇਰੇ ਏਹ ਬਚਨ ਸੁਣਦਾ ਅਤੇ ਉਨ੍ਹਾਂ ਉੱਤੇ ਚੱਲਦਾ ਹੈ ਉਹ ਉਸ ਬੁੱਧਵਾਨ ਵਰਗਾ ਜਾਣਿਆ ਜਾਵੇਗਾ ਜਿਹ ਨੇ ਪੱਥਰ ਉੱਤੇ ਆਪਣਾ ਘਰ ਬਣਾਇਆ । ਅਤੇ ਮੀਂਹ ਵਰ੍ਹਿਆ ਅਤੇ ਹੜ੍ਹ ਆਏ ਅਤੇ ਅਨ੍ਹੇਰੀਆਂ ਵਗੀਆਂ ਅਰ ਉਸ ਘਰ ਨੂੰ ਧੱਕਾ ਮਾਰਿਆ ਪਰ ਉਹ ਨਾ ਡਿੱਗਿਆ ਕਿਉਂਕਿ ਉਹ ਦੀ ਨਿਉਂ ਪੱਥਰ ਉੱਤੇ ਧਰੀ ਹੋਈ ਸੀ । ਅਤੇ ਹਰੇਕ ਜੋ ਮੇਰੇ ਏਹ ਬਚਨ ਸੁਣਦਾ ਅਤੇ ਉਨ੍ਹਾਂ ਉੱਤੇ ਨਹੀਂ ਚੱਲਦਾ ਉਹ ਉਸ ਮੂਰਖ ਵਰਗਾ ਠਹਿਰਾਇਆ ਜਾਵੇਗਾ ਜਿਹ ਨੇ ਆਪਣਾ ਘਰ ਰੇਤ ਉੱਤੇ ਬਣਾਇਆ । ਅਤੇ ਮੀਂਹ ਵਰ੍ਹਿਆ ਅਤੇ ਹੜ੍ਹ ਆਏ ਅਤੇ ਅਨ੍ਹੇਰੀਆਂ ਵਗੀਆਂ ਅਰ ਉਸ ਘਰ ਨੂੰ ਧੱਕਾ ਮਾਰਿਆ ਅਤੇ ਉਹ ਢਹਿ ਪਿਆ ਅਤੇ ਉਹ ਦਾ ਵੱਡਾ ਨਾਸ ਹੋਇਆ । ਅਤੇ ਐਉਂ ਹੋਇਆ ਕਿ ਜਾਂ ਯਿਸੂ ਏਹ ਗੱਲਾਂ ਕਰ ਹਟਿਆ ਤਾਂ ਭੀੜ ਉਹ ਦੇ ਉਪਦੇਸ਼ ਤੋਂ ਹੈਰਾਨ ਹੋਈ । ਕਿਉਂ ਜੋ ਉਹ ਉਨ੍ਹਾਂ ਦੇ ਗ੍ਰੰਥੀਆਂ ਵਾਙੁ ਨਹੀਂ ਪਰ ਇਖ਼ਤਿਆਰ ਵਾਲੇ ਵਾਙੁ ਉਨ੍ਹਾਂ ਨੂੰ ਉਪਦੇਸ਼ ਦਿੰਦਾ ਸੀ ।

---

ਉੱਪਰ ਯਿਸੂ ਦੇ ਵਿਦਿਆਰਥੀ, ਮੱਤੀ ਦੁਆਰਾ ਲਿਖੀ ਕਿਤਾਬ (ਅਧਿਆਇ 5-7), ਜੋ ਕਿ ਉਸਦੇ ਚੰਗੇ ਸੰਦੇਸ਼ ਦੇ ਰਿਕਾਰਡ ਹੈ, ਦੇ ਪੰਜਾਬੀ ਅਨੁਵਾਦ ਤੋਂ ਲਿਆ ਗਿਆ ਹਵਾਲਾ ਹੈ ।

ਇਸ ਬਾਰੇ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿ ਯਿਸੂ ਨੇ ਕੀ ਕੁਝ ਕਿਹਾ ਹੈ ਅਤੇ ਉਸਦੀ ਸਲਤਨਤ ਦਾ ਹਿੱਸਾ ਕਿਵੇਂ ਬਣਿਆ ਜਾ ਸਕਦਾ ਹੈ, ਉਸਦੇ ਚਾਰ ਮੁਢਲੇ ਚੇਲਿਆਂ, ਮੱਤੀ, ਮਰਕੁਸ, ਲੂਕਾ ਅਤੇ ਯੂਹੰਨਾ ਦੁਆਰਾ ਉਸ ਬਾਰੇ ਲਿਖੀਆਂ ਕਿਤਾਬਾਂ ਪੜ੍ਹੋ । ਇਹ ਕਿਤਾਬਾਂ ਈਸਾਈਆਂ ਦੇ ਬਾਈਬਲ ਵਿਚ ਸ਼ਾਮਲ ਹਨ । ਯਿਸੂ ਦੀਆਂ ਗੱਲਾਂ ਨੂੰ ਗੰਭੀਰਤਾ ਨਾਲ ਲੈਣ ਲਈ ਹੋਰ ਉਤਸ਼ਾਹ ਵਾਸਤੇ ਜਾਂ ਉਸਦੇ ਮੁਢਲੇ ਚੇਲਿਆਂ ਦੁਆਰਾ ਉਸ ਬਾਰੇ ਲਿਖੀਆਂ ਕਿਤਾਬਾਂ ਦਾ ਪੰਜਾਬੀ ਅਨੁਵਾਦ ਪੜ੍ਹਨ ਲਈ www.jesussaid.info 'ਤੇ ਜਾਓ ।

ਇਹ ਕਿਤਾਬਚਾ ਜਨਤਕ ਖੇਤਰ ਵਿੱਚ ਹੈ ।



**ਇਹ ਯਿਸੂ, ਜਿਸ ਨੂੰ ਪਰਮੇਸ਼ਰ ਨੇ ਸਾਰੀ ਮਨੁੱਖਜਾਤੀ ਉੱਪਰ ਸਭ ਤੋਂ ਉੱਚੇ ਅਧਿਕਾਰੀ ਵਜੋਂ ਚੁਣਿਆ ਸੀ, ਦੀਆਂ ਸਿੱਖਿਆਵਾਂ ਵਿੱਚੋਂ ਕੁਝ ਹਨ । ਉਹ ਉਸ ਸਲਤਨਤ ਦਾ ਰਾਜਾ ਹੈ ਜੋ ਇਸ ਸੰਸਾਰ ਦੀ ਨਹੀਂ ਹੈ । ਸਿਰਫ ਉਹ ਹੀ ਹੈ ਜੋ ਸਾਨੂੰ ਗਲਤ ਕੰਮ ਕਰਨ ਤੋਂ ਬਚਾ ਸਕਦਾ ਹੈ । ਉਹ ਪਰਮੇਸ਼ਰ ਦਾ ਪੁੱਤਰ ਅਤੇ ਮਨੁੱਖ ਦਾ ਪੁੱਤਰ ਹੈ ।**

ਭੀੜ ਨੂੰ ਵੇਖ ਕੇ ਉਹ ਪਹਾੜ ਉੱਤੇ ਚੜ੍ਹ ਗਿਆ ਅਰ ਜਦ ਬੈਠਾ ਤਦ ਉਹ ਦੇ ਚੇਲੇ ਉਹ ਦੇ ਕੋਲ ਆਏ । ਅਤੇ ਉਸ ਨੇ ਆਪਣਾ ਮੂੰਹ ਖੋਲ੍ਹਿਆ ਅਤੇ ਉਨ੍ਹਾਂ ਨੂੰ ਇਹ ਉਪਦੇਸ਼ ਦੇਣ ਲੱਗਾ— ਧੰਨ ਓਹ ਜਿਹੜੇ ਦਿਲ ਦੇ ਗ਼ਰੀਬ ਹਨ ਕਿਉਂ ਜੋ ਸੁਰਗ ਦਾ ਰਾਜ ਉਨ੍ਹਾਂ ਦਾ ਹੈ । ਧੰਨ ਓਹ ਜਿਹੜੇ ਸੋਗ ਕਰਦੇ ਹਨ ਕਿਉਂ ਜੋ ਓਹ ਸ਼ਾਂਤ ਕੀਤੇ ਜਾਣਗੇ । ਧੰਨ ਓਹ ਜਿਹੜੇ ਹਲੀਮ ਹਨ ਕਿਉਂ ਜੋ ਉਹ ਧਰਤੀ ਦੇ ਵਾਰਸ ਹੋਣਗੇ । ਧੰਨ ਓਹ ਜਿਹੜੇ ਧਰਮ ਦੇ ਭੁੱਖੇ ਤੇ ਤਿਹਾਏ ਹਨ ਕਿਉਂ ਜੋ ਓਹ ਰਜਾਏ ਜਾਣਗੇ । ਧੰਨ ਓਹ ਜਿਹੜੇ ਦਯਾਵਾਨ ਹਨ ਕਿਉਂ ਜੋ ਉਨ੍ਹਾਂ ਉੱਤੇ ਦਯਾ ਕੀਤੀ ਜਾਵੇਗੀ । ਧੰਨ ਓਹ ਜਿਹੜੇ ਸ਼ੁੱਧਮਨ ਹਨ ਕਿਉਂ ਜੋ ਉਹ ਪਰਮੇਸ਼ੁਰ ਨੂੰ ਵੇਖਣਗੇ । ਧੰਨ ਓਹ ਜਿਹੜੇ ਮੇਲ ਕਰਾਉਣ ਵਾਲੇ ਹਨ ਕਿਉਂ ਜੋ ਓਹ ਪਰਮੇਸ਼ੁਰ ਦੇ ਪੁੱਤ੍ਰ ਕਹਾਉਣਗੇ । ਧੰਨ ਓਹ ਜਿਹੜੇ ਧਰਮ ਦੇ ਕਾਰਨ ਸਤਾਏ ਗਏ ਹਨ ਕਿਉਂ ਜੋ ਸੁਰਗ ਦਾ ਰਾਜ ਉਨ੍ਹਾਂ ਦਾ ਹੈ । ਧੰਨ ਹੋ ਤੁਸੀਂ ਜਾਂ ਮਨੁੱਖ ਮੇਰੇ ਕਾਰਨ ਤੁਹਾਨੂੰ ਬੋਲੀਆਂ ਮਾਰਨਗੇ ਅਤੇ ਸਤਾਉਣਗੇ ਅਤੇ ਹਰੇਕ ਬੁਰੀ ਗੱਲ ਤੁਹਾਡੇ ਉੱਤੇ ਝੂਠ ਮੂਠ ਲਾਉਣਗੇ । ਅਨੰਦ ਹੋਵੋ ਅਤੇ ਖੁਸ਼ੀ ਕਰੋ ਕਿਉਂ ਜੋ ਤੁਹਾਡਾ ਫਲ ਸੁਰਗ ਵਿੱਚ ਬਹੁਤ ਹੈ ਇਸ ਲਈ ਜੋ ਉਨ੍ਹਾਂ ਨੇ ਤੁਹਾਥੋਂ ਅਗਲਿਆਂ ਨਬੀਆਂ ਨੂੰ ਇਸੇ ਤਰਾਂ ਸਤਾਇਆ ਸੀ । ਤੁਸੀਂ ਧਰਤੀ ਦੇ ਲੂਣ ਹੋ ਪਰ ਜੇ ਲੂਣ ਬੇਸੁਆਦ ਹੋ ਜਾਵੇ ਤਾਂ ਕਿਸ ਬਿਧ ਸਲੂਣਾ ਕੀਤਾ ਜਾਵੇਗਾ ? ਉਹ ਫੇਰ ਕਿਸੇ ਕੰਮ ਦਾ ਨਹੀਂ ਪਰ ਇਹ ਕਿ ਬਾਹਰ ਸੁੱਟਿਆ ਅਤੇ ਮਨੁੱਖਾਂ ਦੇ ਪੈਰਾਂ ਹੇਠ ਮਿੱਧਿਆ ਜਾਵੇ । ਤੁਸੀਂ ਜਗਤ ਦੇ ਚਾਨਣ ਹੋ । ਜਿਹੜਾ ਨਗਰ ਪਹਾੜ ਉੱਤੇ ਵੱਸਦਾ ਹੈ ਉਹ ਗੁੱਝਾ ਨਹੀਂ ਰਹਿ ਸੱਕਦਾ । ਅਤੇ ਦੀਵਾ ਬਾਲ ਕੇ ਟੋਪੇ ਦੇ ਹੇਠ ਨਹੀਂ ਸਗੋਂ ਦੀਵਟ ਉੱਤੇ ਰੱਖਦੇ ਹਨ ਤਾਂ ਉਹ ਸੱਭਨਾਂ ਨੂੰ ਜਿਹੜੇ ਘਰ ਵਿੱਚ ਹਨ ਚਾਨਣ ਦਿੰਦਾ ਹੈ । ਇਸੇ ਤਰਾਂ ਤੁਹਾਡਾ ਚਾਨਣ ਮਨੁੱਖਾਂ ਦੇ ਸਾਹਮਣੇ ਚਮਕੇ ਤਾਂ ਜੋ ਓਹ ਤੁਹਾਡੇ ਸ਼ੁਭ ਕਰਮ ਵੇਖ ਕੇ ਤੁਹਾਡੇ ਪਿਤਾ ਦੀ ਜਿਹੜਾ ਸੁਰਗ ਵਿੱਚ ਹੈ ਵਡਿਆਈ ਕਰਨ । ਇਹ ਨਾ ਸਮਝੋ ਭਈ ਮੈਂ ਤੁਰੇਤ ਯਾ ਨਬੀਆਂ ਨੂੰ ਖੰਡਣ ਆਇਆ ਹਾਂ । ਮੈਂ ਖੰਡਣ ਨਹੀਂ ਸਗੋਂ ਪੂਰਿਆਂ ਕਰਨ ਨੂੰ ਆਇਆ ਹਾਂ । ਕਿਉਂ ਜੋ ਮੈਂ ਤੁਹਾਨੂੰ ਸਤ ਆਖਦਾ ਹਾਂ ਕਿ ਜਿੰਨਾ ਚਿਰ ਅਕਾਸ਼ ਅਤੇ ਧਰਤੀ ਟਲ ਨਾ ਜਾਣ ਇੱਕ ਅੱਖਰ ਯਾ ਇੱਕ ਬਿੰਦੀ ਵੀ ਤੁਰੇਤ ਦੀ ਨਾ ਟਲੇਗੀ ਜਦ ਤੀਕ ਸਭ ਕੁਝ ਪੂਰਾ ਨਾ ਹੋਵੇ । ਸੋ ਜੇ ਕੋਈ ਇਨ੍ਹਾਂ ਸਭਨਾਂ ਤੋਂ ਛੋਟਿਆਂ ਹੁਕਮਾਂ ਵਿੱਚੋਂ ਇੱਕ ਨੂੰ ਵੀ ਟਾਲ ਦੇਵੇ ਅਤੇ ਇਸੇ ਤਰਾਂ ਮਨੁੱਖਾਂ ਨੂੰ ਸਿਖਲਾਵੇ ਸੋ ਸੁਰਗ ਦੇ ਰਾਜ ਵਿੱਚ ਸਭਨਾਂ ਨਾਲੋਂ ਛੋਟਾ ਕਹਾਵੇਗਾ ਪਰ ਜਿਹੜਾ ਉਨ੍ਹਾਂ ਦੀ ਪਾਲਨਾ ਕਰੇ ਅਤੇ ਸਿਖਲਾਵੇ ਉਹ ਸੁਰਗ ਦੇ ਰਾਜ ਵਿੱਚ ਵੱਡਾ ਕਹਾਵੇਗਾ । ਕਿਉਂ ਜੋ ਮੈਂ ਤੁਹਾਨੂੰ ਆਖਦਾ ਹਾਂ ਭਈ ਜੇ ਤੁਹਾਡਾ ਧਰਮ ਗ੍ਰੰਥੀਆਂ ਅਤੇ ਫ਼ਰੀਸੀਆਂ ਦੇ ਧਰਮ ਨਾਲੋਂ ਵੱਧ ਨਾ ਹੋਵੇ ਤਾਂ ਤੁਸੀਂ ਸੁਰਗ ਦੇ ਰਾਜ ਵਿੱਚ ਕਿਸੇ ਬਿਧ ਨਾ ਵੜੋਗੇ । ਤੁਸਾਂ ਸੁਣਿਆ ਹੈ ਜੋ ਅਗਲਿਆਂ ਨੂੰ ਇਹ ਕਿਹਾ ਗਿਆ ਸੀ, ਤੂੰ ਖੂਨ ਨਾ ਕਰ ਅਤੇ ਜੇ ਕੋਈ ਖੂਨ ਕਰੇ ਸੋ ਅਦਾਲਤ ਵਿੱਚ ਸਜ਼ਾ ਦੇ ਲਾਇਕ ਹੋਵੇਗਾ । ਪਰ ਮੈਂ ਤੁਹਾਨੂੰ ਆਖਦਾ ਹਾਂ ਭਈ ਹਰੇਕ ਜੋ ਆਪਣੇ ਭਰਾ ਉੱਤੇ ਕ੍ਰੋਧ ਕਰੇ ਉਹ ਅਦਾਲਤ ਵਿੱਚ ਸਜ਼ਾ ਦੇ ਲਾਇਕ ਹੋਵੇਗਾ ਅਤੇ ਜਿਹੜਾ ਆਪਣੇ ਭਰਾ ਨੂੰ ਗਾਲ ਦੇਵੇ ਉਹ ਸਭਾ ਵਿੱਚ ਸਜ਼ਾ ਦੇ ਲਾਇਕ ਹੋਵੇਗਾ ਪਰ ਜਿਹੜਾ ਕਹੇ ਮੂਰਖਾ ਉਹ ਅਗਨ ਦੇ ਨਰਕ ਦੀ ਸਜ਼ਾ ਦੇ ਲਾਇਕ ਹੋਵੇਗਾ । ਸੋ ਜੇ ਤੂੰ ਜਗਵੇਦੀ ਉੱਤੇ ਆਪਣੀ ਭੇਟ ਚੜ੍ਹਾਉਣ ਲੱਗੇਂ ਅਰ ਉੱਥੇ ਤੈਨੂੰ ਚੇਤੇ ਆਵੇ ਜੋ ਮੈਂ ਆਪਣੇ ਭਰਾ ਨਾਲ ਖੋਟ ਕਮਾਇਆ ਹੈ । ਤਾਂ ਉੱਥੇ ਆਪਣੀ ਭੇਟ ਜਗਵੇਦੀ ਦੇ ਸਾਹਮਣੇ ਛੱਡ ਕੇ ਚੱਲਿਆ ਜਾਹ ਅਤੇ ਪਹਿਲਾਂ ਆਪਣੇ ਭਰਾ ਨਾਲ ਮੇਲ ਕਰ । ਪਿੱਛੋਂ ਆਣ ਕੇ ਆਪਣੀ ਭੇਟ ਚੜ੍ਹਾ । ਜਿੰਨਾ ਚਿਰ ਤੂੰ ਆਪਣੇ ਮੁਦਈ ਨਾਲ ਰਸਤੇ ਵਿੱਚ ਹੈਂ ਛੇਤੀ ਉਹ ਦੇ ਨਾਲ ਮਿਲਾਪ ਕਰ ਮਤੇ ਮੁਦਈ ਤੈਨੂੰ ਹਾਕਮ ਦੇ ਹਵਾਲੇ ਕਰੇ ਅਤੇ ਹਾਕਮ ਤੈਨੂੰ ਸਿਪਾਹੀ ਦੇ ਹਵਾਲੇ ਕਰੇ ਅਤੇ ਤੂੰ ਕੈਦ ਵਿੱਚ ਪੈ ਜਾਵੇਂ । ਮੈਂ ਤੈਨੂੰ ਸਤ ਆਖਦਾ ਹਾਂ ਭਈ ਜਿੰਨਾ ਚਿਰ ਤੂੰ ਕੌਡੀ ਕੌਡੀ ਨਾ ਭਰ ਦੇਵੇਂ ਉੱਥੋਂ ਕਿਸੇ ਬਿਧ ਨਾ ਛੁੱਟੇਂਗਾ । ਤੁਸਾਂ ਸੁਣਿਆ ਹੈ ਜੋ ਇਹ ਕਿਹਾ ਗਿਆ ਸੀ ਭਈ ਤੂੰ ਜ਼ਨਾਹ ਨਾ ਕਰ । ਪਰ ਮੈਂ ਤੁਹਾਨੂੰ ਆਖਦਾ ਹਾਂ ਕਿ ਜੋ ਕੋਈ ਤੀਵੀਂ ਨੂੰ ਬੁਰੀ ਇੱਛਿਆ ਕਰਕੇ ਵੇਖਦਾ ਹੈ ਸੋ ਤਦੋਂ ਹੀ ਆਪਣੇ ਮਨੋਂ ਉਹ ਦੇ ਨਾਲ ਜ਼ਨਾਹ ਕਰ ਚੁੱਕਿਆ । ਅਰ ਜੇ ਤੇਰੀ ਸੱਜੀ ਅੱਖ ਤੈਨੂੰ ਠੋਕਰ ਖੁਆਵੇ ਤਾਂ ਉਹ ਨੂੰ ਕੱਢ ਕੇ ਆਪਣੇ ਕੋਲੋਂ ਸੁੱਟ ਦਿਹ ਕਿਉਂ ਜੋ ਤੇਰੇ ਲਈ ਇਹੋ ਭਲਾ ਹੈ ਕਿ ਤੇਰੇ ਅੰਗਾਂ ਵਿੱਚੋਂ ਇੱਕ ਦਾ ਨਾਸ ਹੋਵੇ ਪਰ ਤੇਰਾ ਸਾਰਾ ਸਰੀਰ ਨਰਕ ਵਿੱਚ ਸੁੱਟਿਆ ਨਾ ਜਾਵੇ । ਅਤੇ ਜੇ ਤੇਰਾ ਸੱਜਾ ਹੱਥ ਤੈਨੂੰ ਠੋਕਰ ਖੁਆਵੇ ਤਾਂ ਉਹ ਨੂੰ ਵੱਢ ਕੇ

